ਰਾਮਕਲੀ ਮਹਲਾ ੫ ॥ਇਹ ਲੋਕੇ ਸੁਖੁ ਪਾਇਆ ॥ ਨਹੀ ਭੇਟਤ ਧਰਮ ਰਾਇਆ ॥ ਹਰਿ ਦਰਗਹ ਸੋਭਾਵੰਤ ॥ ਫੁਨਿ ਗਰਭਿ ਨਾਹੀ ਬਸੰਤ ॥੧॥ ਜਾਨੀ ਸੰਤ ਕੀ ਮਿਤ੍ਰਾਈ ॥ ਕਰਿ ਕਿਰਪਾ ਦੀਨੋ ਹਰਿ ਨਾਮਾ ਪੂਰਬਿ ਸੰਜੋਗਿ ਮਿਲਾਈ ॥੧॥ ਰਹਾਉ ॥ ਗੁਰ ਕੈ ਚਰਣਿ ਚਿਤੁ ਲਾਗਾ ॥ ਧੰਨਿ ਧੰਨਿ ਸੰਜੋਗੁ ਸਭਾਗਾ ॥ ਸੰਤ ਕੀ ਧੂਰਿ ਲਾਗੀ ਮੇਰੈ ਮਾਥੇ ॥ ਕਿਲਵਿਖ ਦੁਖ ਸਗਲੇ ਮੇਰੇ ਲਾਥੇ ॥੨॥ ਸਾਧ ਕੀ ਸਚੁ ਟਹਲ ਕਮਾਨੀ ॥ ਤਬ ਹੋਏ ਮਨ ਸੁਧ ਪਰਾਨੀ ॥ ਜਨ ਕਾ ਸਫਲ ਦਰਸੁ ਡੀਠਾ ॥ ਨਾਮੁ ਪ੍ਰਭੂ ਕਾ ਘਟਿ ਘਟਿ ਵੂਠਾ ॥੩॥ ਮਿਟਾਨੇ ਸਭਿ ਕਲਿ ਕਲੇਸ ॥ ਜਿਸ ਤੇ ਉਪਜੇ ਤਿਸੁ ਮਹਿ ਪਰਵੇਸ ॥ ਪ੍ਰਗਟੇ ਆਨੂਪ ਗੋੁਵਿੰਦ ॥ ਪ੍ਰਭ ਪੂਰੇ ਨਾਨਕ ਬਖਸਿੰਦ ॥੪॥੩੮॥੪੯॥ {ਪੰਨਾ 898}

ਪਦਅਰਥ:- ਇਹ ਲੋਕੇ—ਇਸ ਲੋਕ ਵਿਚ, ਸੰਸਾਰ ਵਿਚ। ਭੇਟਤ—ਮਿਲਾਪ ਹੁੰਦਾ, ਵਾਹ ਪੈਂਦਾ। ਫੁਨਿ—ਮੁੜ। ਗਰਭਿ—ਗਰਭ ਵਿਚ, ਜਨਮਾਂ ਦੇ ਗੇੜ ਵਿਚ। ਨਾਹੀ ਬਸੰਤ—ਨਹੀਂ ਵੱਸਦਾ, ਨਹੀਂ ਪੈਂਦਾ।1।

ਸੰਤ ਕੀ—ਗੁਰੂ ਦੀ। ਜਾਨੀ—ਮੈਂ ਇਉਂ ਸਮਝੀ ਹੈ। ਕਰਿ—ਕਰ ਕੇ। ਦੀਨੋ—ਦਿੱਤਾ। ਪੂਰਬਿ ਸੰਜੋਗਿ—ਪੂਰਬਲੇ ਸੰਜੋਗ ਦੀ ਰਾਹੀਂ।1। ਰਹਾਉ।

ਕੈ ਚਰਣਿ—ਦੇ ਚਰਨ ਵਿਚ। ਧੰਨਿ—ਮੁਬਾਰਿਕ। ਸੰਜੋਗੁ—ਮਿਲਾਪ ਦਾ ਅਵਸਰ। ਸਭਾਗਾ—ਭਾਗਾਂ ਵਾਲਾ। ਕਿਲਵਿਖ—ਪਾਪ। ਸਗਲੇ—ਸਾਰੇ।2।

ਸਚੁ—ਨਿਸ਼ਚਾ ਧਾਰ ਕੇ। ਪਰਾਨੀ—ਹੇ ਪ੍ਰਾਣੀ! ਸਫਲ—ਫਲ ਦੇਣ ਵਾਲਾ। ਦਰਸੁ—ਦਰਸ਼ਨ। ਘਟਿ—ਸਰੀਰ ਵਿਚ। ਘਟਿ ਘਟਿ—ਹਰੇਕ ਸਰੀਰ ਵਿਚ। ਵੂਠਾ—ਵੱਸਿਆ ਹੋਇਆ।3।

ਸਭਿ—ਸਾਰੇ। ਕਲਿ—ਝਗੜੇ। ਕਲੇਸ—ਦੁੱਖ। ਜਿਸ ਤੇ—{ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} ਜਿਸ (ਪ੍ਰਭੂ) ਤੋਂ। ਪਰਵੇਸ—ਲੀਨਤਾ। ਆਨੂਪ—ਜਿਸ ਵਰਗਾ ਹੋਰ ਕੋਈ ਨਹੀਂ {ਅਨ-ਊਪ}, ਬੇਅੰਤ ਸੁੰਦਰ। ਬਖਸਿੰਦ—ਬਖ਼ਸ਼ਸ਼ਾਂ ਕਰਨ ਵਾਲਾ।4।

ਅਰਥ:- ਹੇ ਭਾਈ! ਪੂਰਬਲੇ ਸੰਜੋਗ ਦੇ ਕਾਰਨ (ਤੈਨੂੰ ਗੁਰੂ ਦੀ ਮਿੱਤ੍ਰਤਾ) ਪ੍ਰਾਪਤ ਹੋਈ ਹੈ। (ਗੁਰੂ ਨੇ) ਕਿਰਪਾ ਕਰ ਕੇ (ਮੈਨੂੰ) ਪਰਮਾਤਮਾ ਦਾ ਨਾਮ ਦੇ ਦਿੱਤਾ ਹੈ। (ਸੋ ਹੁਣ) ਮੈਂ ਗੁਰੂ ਦੀ ਕਦਰ ਸਮਝ ਲਈ ਹੈ।1। ਰਹਾਉ।

(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਮਿੱਤ੍ਰਤਾ ਪ੍ਰਾਪਤ ਹੁੰਦੀ ਹੈ ਉਸ ਨੇ) ਇਸ ਜਗਤ ਵਿਚ (ਆਤਮਕ) ਸੁਖ ਮਾਣਿਆ, (ਪਰਲੋਕ ਵਿਚ) ਉਸ ਨੂੰ ਧਰਮਰਾਜ ਨਾਲ ਵਾਹ ਨਾਹ ਪਿਆ। ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ ਵਾਲਾ ਬਣਦਾ ਹੈ, ਮੁੜ ਮੁੜ ਜਨਮਾਂ ਦੇ ਗੇੜ ਵਿਚ (ਭੀ) ਨਹੀਂ ਪੈਂਦਾ।1।

ਹੇ ਭਾਈ! ਉਹ ਸੰਜੋਗ ਮੁਬਾਰਿਕ ਸੀ, ਮੁਬਾਰਿਕ ਸੀ, ਭਾਗਾਂ ਵਾਲਾ ਸੀ, ਜਦੋਂ ਗੁਰੂ ਦੇ ਚਰਨਾਂ ਵਿਚ, ਮੇਰਾ ਚਿੱਤ ਜੁੜਿਆ ਸੀ। ਹੇ ਭਾਈ! ਗੁਰੂ ਦੀ ਚਰਨ-ਧੂੜ ਮੇਰੇ ਮੱਥੇ ਉੱਤੇ ਲੱਗੀ, ਮੇਰੇ ਸਾਰੇ ਪਾਪ ਤੇ ਦੁੱਖ ਦੂਰ ਹੋ ਗਏ।2।

ਹੇ ਪ੍ਰਾਣੀ! (ਉਂਵ ਤਾਂ) ਪਰਮਾਤਮਾ ਦਾ ਨਾਮ ਹਰੇਕ ਹਿਰਦੇ ਵਿਚ ਵੱਸ ਰਿਹਾ ਹੈ, ਪਰ ਜਿਸ ਨੇ ਗੁਰੂ ਦਾ ਦਰਸ਼ਨ ਕਰ ਲਿਆ, ਉਸ ਨੂੰ ਇਸ ਨਾਮ ਫਲ ਦੀ ਪ੍ਰਾਪਤੀ ਹੋਈ। ਹੇ ਪ੍ਰਾਣੀ! ਜਦੋਂ ਜੀਵ ਸਰਧਾ ਧਾਰ ਕੇ ਗੁਰੂ ਦੀ ਸੇਵਾ-ਟਹਿਲ ਕਰਦੇ ਹਨ, ਤਦੋਂ ਉਹਨਾਂ ਦੇ ਮਨ ਪਵਿੱਤ੍ਰ ਹੋ ਜਾਂਦੇ ਹਨ।3।

ਹੇ ਨਾਨਕ! (ਗੁਰੂ ਦੇ ਮਿਲਾਪ ਦੀ ਬਰਕਤਿ ਨਾਲ) ਸਾਰੇ (ਮਾਨਸਕ) ਝਗੜੇ ਤੇ ਦੁੱਖ ਮਿਟ ਜਾਂਦੇ ਹਨ। ਜਿਸ ਪ੍ਰਭੂ ਤੋਂ ਜੀਵ ਪੈਦਾ ਹੋਏ ਹਨ ਉਸੇ ਵਿਚ ਉਹਨਾਂ ਦੀ ਲੀਨਤਾ ਹੋ ਜਾਂਦੀ ਹੈ। ਉਹ ਬਖ਼ਸ਼ਣਹਾਰ ਪੂਰਨ ਪ੍ਰਭੂ ਸੋਹਣਾ ਗੋਬਿੰਦ (ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ।4। 38। 49।